**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਜਸਪ੍ਰੀਤ ਕੌਰ,
ਪੁੱਤਰੀ ਸ਼੍ਰੀ ਹਰਬੰਸ ਸਿੰਘ ਧਾਲੀਵਾਲ,
ਵਾਸੀ ਕਰਤਾਰਪੁਰਾ ਬਸਤੀ, ਵਾਰਡ ਨੰ: 1,
ਹਰੇੜੀ ਰੋਡ, ਨੇੜੇ ਠੇਕਾ, ਸੰਗਰੂਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:293/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411) ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-09-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਰਤਾਰਪੁਰਾ ਬਸਤੀ, ਹਰੇੜੀ ਰੋਡ, ਵਾਰਡ ਨੰ: 1, ਨੇੜੇ ਠੇਕਾ ਸੰਗਰੂਰ ਵਿਖੇ ਦੇਹ ਵਪਾਰ ਦਾ ਅੱਡਾ ਰੋਕਣ ਬਾਰੇ ਗੁਰਜੀਤ ਕੌਰ ਉਪਰ ਝੂਠਾ ਪਰਚਾ ਦਰਜ ਕਰਨ ਨਾਲ ਸਬੰਧਤ 28 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਪੁਲਿਸ ਵਿਭਾਗ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ.ਐਕਟ,2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:50-ਅਪੀਲ/ਆਰ.ਟੀ.ਆਈ., ਮਿਤੀ 17-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਵੱਲੋਂ ਪੁੱਛੇ ਗਏ ਪ੍ਰਸ਼ਨਾਂ ਦਾ ਉੱਤਰ ਆਰ.ਟੀ.ਆਈ. ਤਹਿਤ ਨਹੀਂ ਦਿੱਤਾ ਜਾ ਸਕਦਾ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਪਹਿਲਾਂ ਵੀ ਅਜਿਹੀ ਸੂਚਨਾ ਸ਼ਿਕਾਇਤ ਕੇਸ ਨੰ:210 ਆਫ 2019 ਵਿੱਚ ਮੰਗੀ ਗਈ ਸੀ ਜੋ ਕਿ ਇਸੇ ਬੈਂਚ ਵੱਲੋਂ ਵਿਚਾਰਨ ਉਪਰੰਤ ਆਪਣੇ ਹੁਕਮ, ਮਿਤੀ 16-04-2019 ਰਾਹੀਂ ਦਾਖਲ ਦਫ਼ਤਰ ਕੀਤਾ ਜਾ ਚੁੱਕਾ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਹਥਲਾ ਕੇਸ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਵੀ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਸ਼ਿਕਾਇਤਕਰਤਾ ਵੱਲੋਂ ਪਹਿਲਾਂ ਵੀ ਅਜਿਹੀ ਸੂਚਨਾ ਸ਼ਿਕਾਇਤ ਕੇਸ ਨੰ:210 ਆਫ 2019 ਵਿੱਚ ਮੰਗੀ ਗਈ ਸੀ ਜੋ ਕਿ ਕਮਿਸ਼ਨ ਵੱਲੋਂ ਵਿਚਾਰਨ ਉਪਰੰਤ ਆਪਣੇ ਹੁਕਮ, ਮਿਤੀ 16-04-2019 ਰਾਹੀਂ ਦਾਖਲ ਦਫ਼ਤਰ ਕੀਤਾ ਜਾ ਚੁੱਕਾ ਹੈ। ਕਮਿਸ਼ਨ ਨੇ ਉੱਤਰਦਾਤਾ ਦੇ ਜਵਾਬ ਨੂੰ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 19 **ਜੂਨ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਜਸਪ੍ਰੀਤ ਕੌਰ,
ਪੁੱਤਰੀ ਸ਼੍ਰੀ ਹਰਬੰਸ ਸਿੰਘ ਧਾਲੀਵਾਲ,
ਵਾਸੀ ਕਰਤਾਰਪੁਰਾ ਬਸਤੀ, ਵਾਰਡ ਨੰ: 1,
ਹਰੇੜੀ ਰੋਡ, ਨੇੜੇ ਠੇਕਾ, ਸੰਗਰੂਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,ਸੰਗਰੂਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:294/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਿੰਦਰ ਸ਼ਰਮਾ, ਕਲਰਕ (76967-06870)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-09-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਰਤਾਰਪੁਰਾ ਬਸਤੀ, ਹਰੇੜੀ ਰੋਡ, ਵਾਰਡ ਨੰ: 1, ਨੇੜੇ ਠੇਕਾ ਸੰਗਰੂਰ ਵਿਖੇ ਦੇਹ ਵਪਾਰ ਦਾ ਅੱਡਾ ਰੋਕਣ ਬਾਰੇ ਗੁਰਜੀਤ ਕੌਰ ਉਪਰ ਝੂਠਾ ਪਰਚਾ ਦਰਜ ਕਰਨ ਨਾਲ ਸਬੰਧਤ 28 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਿੰਦਰ ਸ਼ਰਮਾ, ਕਲਰਕ ਨੇ ਪੱਤਰ ਨੰ:1533/ਫਕ, ਮਿਤੀ 11-10-2018 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਭੇਜਿਆ ਜਾ ਚੁੱਕਾ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਲਿਖਤੀ ਰੂਪ ਵਿੱਚ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਭੇਜਿਆ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 19 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਬੰਸ ਸਿੰਘ ਧਾਲੀਵਾਲ,
ਵਾਸੀ ਕਰਤਾਰਪੁਰਾ ਬਸਤੀ, ਵਾਰਡ ਨੰ: 1,
ਹਰੇੜੀ ਰੋਡ, ਨੇੜੇ ਠੇਕਾ, ਸੰਗਰੂਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:295/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411) ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-02-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦੇਹ ਵਪਾਰ ਦੇ ਅੱਡੇ ਅਤੇ ਭਰੂਣ ਹੱਤਿਆ ਕਰਦੇ, ਗਲਤ ਧੰਦਾ ਕਰਦੇ ਪੁਲਿਸ ਨੂੰ ਕੁੜੀਆਂ ਅਤੇ ਮੁੰਡੇ ਫੜਾਉਣ ਸਬੰਧੀ ਅਤੇ ਉੱਚ-ਅਧਿਕਾਰੀਆਂ ਨੂੰ ਦਰਖਾਸਤ ਦੇਣ ਸਬੰਧੀ ਪੁਲਿਸ ਵੱਲੋਂ ਪਾਏ ਗਏ ਝੂਠੇ ਕੇਸ ਨਾਲ ਸਬੰਧਤ 45 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਪੁਲਿਸ ਵਿਭਾਗ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਆਪਣੇ ਪੱਤਰ ਨੰ:211/ਆਰ.ਟੀ.ਆਈ., ਮਿਤੀ 22-02-2019 ਰਾਹੀਂ ਸ਼ਿਕਾਇਤਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ.ਐਕਟ,2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:49-ਅਪੀਲ/ਆਰ.ਟੀ.ਆਈ., ਮਿਤੀ 17-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਰਜਿਸਟਰਡ ਪੱਤਰ ਨੰ: ਨੰ:258- ਆਰ.ਟੀ.ਆਈ., ਮਿਤੀ 06-06-2019 ਰਾਹੀਂ ਸ਼ਿਕਾਇਤਕਰਤਾ ਕੋਲੋਂ ਉਸ ਦੀ ਆਰ.ਟੀ.ਆਈ. ਬਾਰੇ ਸਪੱਸ਼ਟੀਕਰਣ ਮੰਗਿਆ ਗਿਆ ਸੀ ਅਤੇ ਉਸ ਨੂੰ ਇਹ ਵੀ ਸੂਚਿਤ ਕੀਤਾ ਗਿਆ ਸੀ ਕਿ ਉਸ ਵੱਲੋਂ ਪੁੱਛੇ ਗਏ ਪ੍ਰਸ਼ਨਾਂ ਦਾ ਉੱਤਰ ਆਰ.ਟੀ.ਆਈ. ਤਹਿਤ ਨਹੀਂ ਦਿੱਤਾ ਜਾ ਸਕਦਾ ਪਰੰਤੂ ਉਸ ਤੋਂ ਬਾਅਦ ਸ਼ਿਕਾਇਤਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਨੂੰ ਕਦੇ ਵੀ ਸੰਪਰਕ ਨਹੀਂ ਕੀਤਾ ਗਿਆ। ਇਸਲਈ ਉਨ੍ਹਾਂ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਕਮਿਸ਼ਨ ਨੇ ਉੱਤਰਦਾਤਾ ਦੇ ਜਵਾਬ ਨੂੰ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 19 **ਜੂਨ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਬੰਸ ਸਿੰਘ ਧਾਲੀਵਾਲ,
ਵਾਸੀ ਕਰਤਾਰਪੁਰਾ ਬਸਤੀ, ਵਾਰਡ ਨੰ: 1,
ਹਰੇੜੀ ਰੋਡ, ਨੇੜੇ ਠੇਕਾ, ਸੰਗਰੂਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:297/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411)

ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-02-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦੇਹ ਵਪਾਰ ਦੇ ਅੱਡੇ ਅਤੇ ਭਰੂਣ ਹੱਤਿਆ ਕਰਦੇ, ਗਲਤ ਧੰਦਾ ਕਰਦੇ ਪੁਲਿਸ ਨੂੰ ਕੁੜੀਆਂ ਅਤੇ ਮੁੰਡੇ ਫੜਾਉਣ ਸਬੰਧੀ ਅਤੇ ਉੱਚ-ਅਧਿਕਾਰੀਆਂ ਨੂੰ ਦਰਖਾਸਤ ਦੇਣ ਸਬੰਧੀ ਪੁਲਿਸ ਵੱਲੋਂ ਪਾਏ ਗਏ ਝੂਠੇ ਕੇਸ ਨਾਲ ਸਬੰਧਤ 45 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 23-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:48-ਅਪੀਲ/ਆਰ.ਟੀ.ਆਈ., ਮਿਤੀ 17-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਰਜਿਸਟਰਡ ਪੱਤਰ ਨੰ: ਨੰ:258- ਆਰ.ਟੀ.ਆਈ., ਮਿਤੀ 06-06-2019 ਰਾਹੀਂ ਸ਼ਿਕਾਇਤਕਰਤਾ ਕੋਲੋਂ ਉਸ ਦੀ ਆਰ.ਟੀ.ਆਈ. ਬਾਰੇ ਸਪੱਸ਼ਟੀਕਰਨ ਮੰਗਿਆ ਗਿਆ ਸੀ ਅਤੇ ਉਸ ਨੂੰ ਇਹ ਵੀ ਸੂਚਿਤ ਕੀਤਾ ਗਿਆ ਸੀ ਕਿ ਉਸ ਵੱਲੋਂ ਪੁੱਛੇ ਗਏ ਪ੍ਰਸ਼ਨਾਂ ਦਾ ਉੱਤਰ ਆਰ.ਟੀ.ਆਈ. ਤਹਿਤ ਨਹੀਂ ਦਿੱਤਾ ਜਾ ਸਕਦਾ ਪਰੰਤੂ ਉਸ ਤੋਂ ਬਾਅਦ ਸ਼ਿਕਾਇਤਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਨੂੰ ਕਦੇ ਵੀ ਸੰਪਰਕ ਨਹੀਂ ਕੀਤਾ ਗਿਆ। ਇਸ ਲਈ ਉਨ੍ਹਾਂ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਕਮਿਸ਼ਨ ਨੇ ਉੱਤਰਦਾਤਾ ਦੇ ਜਵਾਬ ਨੂੰ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 19 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰੋਹਿਤ ਸੱਭਰਵਾਲ (ਪ੍ਰਧਾਨ),
ਕੁੰਦਨ ਭਵਨ, 126 ਮਾਡਲ ਗਰਾਮ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ(ਕਰਾਈਮ),
ਪੰਜਾਬ,ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਜਨਰਲ ਆਫ ਪੁਲਿਸ,
ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1162/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ਼੍ਰੀ ਪ੍ਰੇਮ ਮਸੀਹ, ਏ.ਐਸ.ਆਈ. (98767-93919)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-12-2018, ਲੋਕ ਸੂਚਨਾ ਅਧਿਕਾਰੀ ਦਫਤਰ ਅਸਿਸਟੈਂਟ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),ਪੰਜਾਬ,ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਵਿਭਾਗ ਦੇ ਸਬੰਧਤ ਉਪਬੰਧ/ਸੈਕਸ਼ਨ/ਕਾਨੂੰਨ ਜਿਸ ਰਾਹੀਂ ਕੋਈ ਪੁਲਿਸ ਅਧਿਕਾਰੀ ਕਿਸੇ ਵਿਅਕਤੀ ਨੂੰ ਉਸ ਦੇ ਬਿਆਨ ਰਿਕਾਰਡ ਕਰਨ ਜਾਂ ਕਿਸੇ ਹੋਰ ਮੰਤਵ ਲਈ ਟੈਲੀਫੋਨ ਰਾਹੀਂ ਬੁਲਾ ਸਕਦਾ ਹੈ, ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 13-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ, ਮਿਤੀ 19-06-2019 ਦੁਆਰਾ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਆਰ.ਟੀ.ਆਈ. ਐਕਟ, 2005 ਦੀ ਧਾਰਾ 20(1) ਤਹਿਤ ਕਾਰਵਾਈ ਕਰਨ ਅਤੇ ਮੁਆਵਜ਼ੇ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰੇਮ ਮਸੀਹ, ਏ.ਐਸ.ਆਈ. ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਨਿਰਧਾਰਿਤ ਸਮੇਂ ਅੰਦਰ ਜਵਾਬ ਭੇਜਿਆ ਜਾ ਚੁੱਕਾ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1074/ਸੀ.ਬੀ.-4, ਮਿਤੀ 10-06-2019 ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:245/ਸੀ.ਬੀ.-4, ਮਿਤੀ 17-01-2019 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਰਾਹੀਂ ਪੁੱਛੇ ਗਏ ਸਵਾਲਾਂ ਦੇ ਜਵਾਬ ਆਰ.ਟੀ.ਆਈ. ਨਿਯਮਾਂ ਤਹਿਤ ਦੇਣੇ ਨਹੀਂ ਬਣਦੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 19 ਜੂਨ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।
ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1166/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਪੁਲਿਸ ਹੈਲਪ ਨੰ:181 ਤੇ ਮਿਤੀ 26-09-2018 ਨੂੰ ਸੀ.ਆਰ.ਪੀ.ਸੀ. ਦੀ ਧਾਰਾ 39 ਤਹਿਤ ਦਰਜ ਕਰਵਾਈ ਗਈ ਸ਼ਿਕਾਇਤ ਨੰ:ਏ.ਐਮ.ਆਰ-ਆਰ.ਆਰ.2921160, ਮਿਤੀ 26-09-2018 ਨਾਲ ਸਬੰਧਤ ਭਾਗ "ਏ" ਦੇ 13 ਨੁਕਤਿਆਂ ਅਤੇ ਭਾਗ ਬੀ, ਸੀ, ਡੀ, ਈ, ਅਤੇ ਐਫ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ. ਮਿਤੀ 18-06-2019 ਨਾਲ ਭੇਜੇ ਗਏ ਪੱਤਰ, ਮਿਤੀ 18-06-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਈ.ਮੇਲ, ;ਮਿਤੀ 18-06-2019 ਨਾਲ ਭੇਜੇ ਗਏ ਪੱਤਰ ਨੰ:1200, ਮਿਤੀ 14-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਇਹ ਮਾਮਲਾ ਪੁਲਿਸ ਵਿਭਾਗ ਨਾਲ ਸਬੰਧਤ ਹੋਣ ਕਾਰਨ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਡੀ.ਐਸ.ਪੀ. ਬਾਬਾ ਬਕਾਲਾ ਸਾਹਿਬ ਨੂੰ ਪੜਤਾਲ ਕਰਨ ਹਿੱਤ ਭੇਜ਼ ਦਿੱਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਸਬੰਧਤ ਲੋਕ ਸੂਚਨਾ ਅਧਿਕਾਰੀ ਨੂੰ ਤਬਦੀਲ ਨਹੀਂ ਕੀਤੀ ਗਈ ਅਤੇ ਨਾ ਹੀ ਅਪੀਲਕਰਤਾ ਨੂੰ ਇਸ ਬਾਰੇ ਕੋਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 19 **ਜੂਨ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਇੰਸਪੈਕਟਰ ਜਨਰਲ, ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1171/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਰਜੀਤ ਸਿੰਘ,ਏ.ਐਸ.ਆਈ. !(98159-34484)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ), ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਪੁਲਿਸ ਹੈਲਪ ਨੰ:181 ਤੇ ਮਿਤੀ 26-09-2018 ਨੂੰ ਸੀ.ਆਰ.ਪੀ.ਸੀ. ਦੀ ਧਾਰਾ 39 ਤਹਿਤ ਦਰਜ ਕਰਵਾਈ ਗਈ ਸ਼ਿਕਾਇਤ ਨੰ:ਏ.ਐਮ.ਆਰ-ਆਰ.ਆਰ.2921160, ਮਿਤੀ 26-09-2018 ਨਾਲ ਸਬੰਧਤ ਭਾਗ "ਏ" ਦੇ 14 ਨੁਕਤਿਆਂ, ਭਾਗ ਬੀ ਦੇ 14 ਨੁਕਤਿਆਂ ਅਤੇ ਭਾਗ ਸੀ, ਡੀ ਅਤੇ ਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ. ਮਿਤੀ 18-06-2019 ਨਾਲ ਭੇਜੇ ਗਏ ਪੱਤਰ, ਮਿਤੀ 18-06-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਰਜੀਤ ਸਿੰਘ,ਏ.ਐਸ.ਆਈ. ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਚੁੱਕੀ ਹੈ ਅਤੇ ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:27991/ਆਰ.ਟੀ.ਆਈ., ਮਿਤੀ 10-06-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 19 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਨੋਦ ਭਗਤ,
#4283, ਨੇੜੇ ਦੁਰਗਾ ਮੰਦਿਰ (ਹਾਥੀ ਵਾਲਾ ਮੰਦਿਰ),
ਸ਼ਿਵਾ ਜੀ ਨਗਰ, ਲੁਧਿਆਣਾ -141008. ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,ਖੰਨਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਤਹਿਸੀਲਦਾਰ,ਖੰਨਾ,
ਜ਼ਿਲ੍ਹਾ ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:1173/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰਦੀਪ ਕੌਰ, ਰੀਡਰ (62832-11267)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-11-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ (ਡੀ) ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਦੀਆਂ ਫਰਵਰੀ 2018 ਵਿੱਚ ਹੋਈਆਂ ਚੋਣਾਂ ਤੇ ਲੱਗੇ ਮੁਲਾਜ਼ਮਾਂ ਦੇ ਰੋਜ਼ਾਨਾ ਹਾਜ਼ਰੀ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਤਹਿਸੀਲਦਾਰ,ਖੰਨਾ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, (ਡੀ) ਲੁਧਿਆਣਾ ਵੱਲੋਂ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ.ਐਕਟ,2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ,ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪ੍ਰਦੀਪ ਕੌਰ, ਰੀਡਰ ਕੇਸ ਦੇ ਤੱਥਾਂ ਤੋਂ ਚੰਗੀ ਤਰ੍ਹਾਂ ਵਾਕਫ ਨਾ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਜਾਂ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੀ। ਇਸ ਲਈ ਸ਼੍ਰੀ ਹਰਮਿੰਦਰ ਸਿੰਘ ਹੁੰਦਲ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਖੰਨਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕੇਸ ਦੀ ਸਥਿਤੀ ਬਾਰੇ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 19 **ਜੂਨ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ (90410-04313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਮਲੇਰਕੋਟਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:18 ਆਫ਼ 2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 20-03-2019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਨੁਕਤਾ ਨੰ:1, 6 ਅਤੇ 7 ਬਾਰੇ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਰਮ ਚੰਦ, ਜੂਨੀਅਰ ਇੰਜੀਨੀਅਰ ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਸੀ। ਅਪੀਲਕਰਤਾ ਨੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਇਸ ਲਈ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਉਸ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 19 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਸ਼ਰੂਤੀ, ਐਡਵੋਕੇਟ, (ਮੋਬ 99887-21479)
82 ਲੇਬਰ ਕਲੌਨੀ, ਸਕੂਟਰ ਮਾਰਕੀਟ ਦੇ ਪਿੱਛੇ,
ਗਿੱਲ ਰੋਡ, ਲੁਧਿਆਣਾ।                                        -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ।                                        ------ਉੱਤਰਦਾਤਾ

**ਅਪੀਲ ਕੇਸ ਨੰ: 894 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤੀਸ਼ ਕੁਮਾਰ, ਹੈੱਡ ਡਰਾਫਟਸਮੈਨ (96460-31802)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਨਿਗਮ, ਲੁਧਿਆਣਾ ਦੇ ਅਧਿਕਾਰ ਖੇਤਰ ਵਿੱਚ ਜ਼ੋਨ-ਡੀ (ਸਰਾਭਾ ਨਗਰ) ਅਤੇ ਜੋਨ-ਸੀ ਵਿੱਚ u/6 ਕੈਟੇਗਰੀ ਵਿੱਚ 01 ਅਪ੍ਰੈਲ, 2015 ਤੋਂ ਬਣੀਆਂ ਇਮਾਰਤਾਂ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-05-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਹੈੱਡ ਡਰਾਫਟਸਮੈਨ ਨੇ ਪੱਤਰ ਨੰ:35/ਪੀ.ਆਈ.ਓ./ਡੀ.ਆਰ.ਜੀ.-ਸੀ/ਡੀ, ਮਿਤੀ 29-04-2019 ਅਤੇ ਪੱਤਰ ਨੰ:43/ਏ.ਟੀ.ਪੀ.ਡੀ. /ਆਰ.ਟੀ.ਆਈ./ਡੀ, ਮਿਤੀ 02-05-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਹੈੱਡ ਡਰਾਫਟਸਮੈਨ ਨੇ ਪੱਤਰ ਨੰ:64/ਏ.ਪੀਟੀ.ਡੀ./ਆਰ.ਟੀ.ਆਈ./ਡੀ, ਮਿਤੀ 18-06-2019 ਅਤੇ ਪੱਤਰ ਨੰ:35/ਪੀ.ਆਈ.ਓ./ਡੀ.ਆਰ.ਜੀ.-ਸੀ/ਡੀ, ਮਿਤੀ 18-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਸਪੀਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਪਰੰਤੂ ਅਪੀਲਕਰਤਾ ਕੋਲੋਂ ਮਿਤੀ 18-05-2019 ਤੱਕ ਸੂਚਨਾ ਬਾਰੇ ਕੋਈ ਲਿਖਤੀ ਜਾਂ ਈ.ਮੇਲ ਰਾਹੀਂ ਜਵਾਬ ਪ੍ਰਾਪਤ ਨਹੀਂ ਹੋਇਆ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉੱਤਰਦਾਤਾ ਕੋਲੋਂ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 19 ਜੂਨ, 2019.**                                        **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਸ਼ਰੂਤੀ, ਐਡਵੋਕੇਟ, (ਮੋਬ 99887-21479)
82 ਲੇਬਰ ਕਲੌਨੀ, ਸਕੂਟਰ ਮਾਰਕੀਟ ਦੇ ਪਿੱਛੇ,
ਗਿੱਲ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 895 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਇੰਦਰਜੀਤ ਸਿੰਘ, ਹੈੱਡ ਡਰਾਫਟਸਮੈਨ (98727-678256) ਅਤੇ ਸ਼੍ਰੀ ਗੌਰਵ ਕੁਮਾਰ, ਜੂਨੀਅਰ ਡਰਾਫਟਸਮੈਨ (99882-91286)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਨਿਗਮ, ਲੁਧਿਆਣਾ ਦੇ ਅਧਿਕਾਰ ਖੇਤਰ ਵਿੱਚ ਜ਼ੋਨ-ਏ ਅਤੇ ਬੀ ਵਿੱਚ u/6 ਕੈਟੇਗਰੀ ਵਿੱਚ 01 ਅਪ੍ਰੈਲ, 2015 ਤੋਂ ਮਿਤੀ-ਅੰਤ ਤੱਕ ਬਣੀਆਂ ਇਮਾਰਤਾਂ ਜਾਂ ਉਸਾਰੀ ਅਧੀਨ ਇਮਾਰਤਾਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-05-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਡਰਾਫਟਸਮੈਨ ਨੇ ਪੱਤਰ ਨੰ:376/ਏ.ਟੀ.ਪੀ./ਏ/ਆਰ.ਟੀ.ਆਈ./ਡੀ, ਮਿਤੀ 02-05-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ, ਮਿਤੀ 07-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਮਿਤੀ 04-04-2019 ਨੂੰ ਰਿਕਾਰਡ ਦੇਖ ਕੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਇਸ ਸਬੰਧੀ ਲਿਖਤੀ ਰੂਪ ਵਿੱਚ ਰਸੀਦ ਦਿੱਤੀ ਗਈ ਹੈ। ਅਪੀਲਕਰਤਾ ਵੱਲੋਂ ਮਿਤੀ 04-04-2019 ਨੂੰ ਦਿੱਤੀ ਗਈ ਰਸੀਦ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਮਿਤੀ 04-04-2019 ਨੂੰ ਪ੍ਰਾਪਤ ਕੀਤੀ ਗਈ ਸੂਚਨਾ ਕੇਵਲ ਜ਼ੋਨ-ਏ ਨਾਲ ਸਬੰਧਤ ਸੀ ਜਦੋਂ ਕਿ ਉਸ ਵੱਲੋਂ ਜ਼ੋਨ-ਬੀ ਬਾਰੇ ਵੀ ਸੂਚਨਾ ਮੰਗੀ ਗਈ ਸੀ। ਸਿ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਜ਼ੋਨ-ਬੀ ਨਾਲ ਸਬੰਧਤ ਬਾਕੀ ਰਹਿੰਦੀ ਸੂਚਨਾ ਪੇਸ਼ੀ ਅਗਲੀ ਮਿਤੀ
ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਇੰਦਰਜੀਤ ਸਿੰਘ, ਹੈੱਡ ਡਰਾਫਟਸਮੈਨ ਨੇ ਪੱਤਰ ਨੰ:637-638/ਏ.ਟੀ.ਪੀ.-ਬੀ/ਆਰ.ਟੀ.ਆਈ./ਡੀ, ਮਿਤੀ 14-06-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਜ਼ੋਨ-ਬੀ ਬਾਰੇ ਵੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਮੁਕੰਮਲ ਸੂਚਨਾ ਭੇਜੀ ਜਾ ਚੁੱਕੀ ਹੈ।

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 895 /2019

ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉੱਤਰਦਾਤਾ ਕੋਲੋਂ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 19 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਦੀਪ ਸਿੰਘ, (ਮੋਬ 90411-44793)
ਭਾਈ ਮਹਾਂ ਸਿੰਘ ਨਗਰ,
ਗਲੀ ਨੰ:7, ਡਾਬਾ ਲੁਹਾਰਾ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ ਜ਼ੋਨ-ਡੀ, ਲੁਧਿਆਣਾ।
ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 908 /2019**

**ਹਾਜ਼ਰ:-**

1) ਸ਼੍ਰੀ ਮਨਦੀਪ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤੀਸ਼ ਕੁਮਾਰ, ਹੈੱਡ ਡਰਾਫਟਸਮੈਨ (96460-31802)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 22-06-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਨਗਰ ਨਿਗਮ ਜ਼ੋਨ-ਡੀ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਸ਼ਿਕਾਇਤ ਨੰ:7067/ਪੀ.ਐਸ./ਜੀ, ਮਿਤੀ 29-12-2017 ਤੇ ਹੋਈ ਕਾਰਵਾਈ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-05-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਹੈੱਡ ਡਰਾਫਟਸਮੈਨ ਨੇ ਪੱਤਰ ਨੰ:40/ਪੀ.ਆਈ.ਓ.ਡੀ.ਆਰ.ਜੀ.-ਸੀ/ਡੀ, ਮਿਤੀ 02-05-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਵੱਖ-ਵੱਖ ਪੱਤਰਾਂ, ਨੰ:424, ਮਿਤੀ 28-12-2017, ਨੰ:127, 129 ਅਤੇ 131, ਮਿਤੀ 03-08-2018, ਨੰ:15, ਮਿਤੀ 05-04-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਨਹੀਂ ਮਿਲੀ। ਉਸ ਨੇ ਕਿਹਾ ਸੀ ਕਿ ਉਸ ਨੂੰ ਉਸ ਦੀ ਦਰਖਾਸਤ ਜਿਹੜੀ ਡਿਪਟੀ ਕਮਿਸ਼ਨਰ ਵੱਲੋਂ ਮਾਰਕ ਕਰਕੇ ਭੇਜੀ ਗਈ ਸੀ, ਉਸ ਦੀ ਕਾਪੀ ਦਿੱਤੀ ਜਾਵੇ। ਹਾਜ਼ਰ ਉੱਤਰਦਾਤਾ ਨੇ ਉਸ ਕੋਲ ਉਲਬਧ ਦਰਖਾਸਤ ਦੀ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਿੱਤੀ ਪਰੰਤੂ ਅਪੀਲਕਰਤਾ ਨੇ ਕਿਹਾ ਸੀ ਕਿ ਇਹ ਉਸ ਦਰਖਾਸਤ ਦੀ ਕਾਪੀ ਨਹੀਂ ਹੈ ਜਿਹੜੀ ਕਿ ਡਿਪਟੀ ਕਮਿਸ਼ਨਰ ਵੱਲੋਂ ਮਾਰਕ ਕਰਕੇ ਦਫਤਰ ਵੱਲੋਂ ਮੋਹਰ ਲਗਾ ਹਾਜ਼ਰ ਉੱਤਰਦਾਤਾ ਦੇ ਦਫ਼ਤਰ ਨੂੰ ਅਗਲੇਰੀ ਕਾਰਵਾਈ ਲਈ ਭੇਜੀ ਗਈ ਸੀ। ਹਾਜ਼ਰ ਉੱਤਰਦਾਤਾ ਨੇ ਕਿਹਾ ਸੀ ਕਿ ਉਨ੍ਹਾਂ ਕੋਲ ਇਸ ਤੋਂ ਇਲਾਵਾ ਹੋਰ ਦਰਖਾਸਤ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਉਹ ਦਰਖਾਸਤ ਜੋ ਕਿ ਡਿਪਟੀ ਕਮਿਸ਼ਨਰ ਵੱਲੋਂ ਮਾਰਕ ਹੋ ਕੇ ਮੋਹਰ ਲੱਗ ਕੇ ਆਈ ਹੈ, ਦੀ ਕਾਪੀ ਦਿੱਤੀ ਜਾਵੇ ਅਤੇ ਜੇਕਰ ਉਨ੍ਹਾਂ ਦੇ ਰਿਕਾਰਡ ਵਿੱਚ ਉਹ ਦਰਖਾਸਤ ਮੌਜੂਦ ਨਾ ਹੋਵੇ ਤਾਂ ਇਸ ਬਾਰੇ ਸਵੈ-ਘੋਸ਼ਣਾ ਪੱਤਰ ਪੇਸ਼ ਕੀਤਾ ਜਾਵੇ ਅਤੇ ਇੱਕ ਕਾਪੀ ਅਪੀਲਕਰਤਾ ਨੂੰ ਵੀ ਦਿੱਤੀ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸਤੀਸ਼ ਕੁਮਾਰ, ਹੈੱਡ ਡਰਾਫਟਸਮੈਨ ਨੇ ਅਪੀਲਕਰਤਾ ਨੂੰ ਉਸ ਦੀ ਦਰਖਾਸਤ ਅਤੇ ਸਵੈ-ਘੋਸ਼ਣਾ ਪੱਤਰ ਦੀ ਕਾਪੀ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਸਵੈ-ਘੋਸ਼ਣਾ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 19 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਮਹਾਜਨ, (ਮੋਬ 98143-54649)
ਪੁੱਤਰ ਸ਼੍ਰੀ ਕੁਲਦੀਪ ਰਾਜ,
ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਕੌਂਸਿਲ,
ਸਾਹਮਣੇ ਵਾਟਰ ਟੈਂਕ,
ਮਿਊਂਸਿਪਲ ਮਾਰਕੀਟ,
ਮਿਸ਼ਨ ਰੋਡ, ਪਠਾਨਕੋਟ।                                                                 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:2,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਉਸਾਰੀ ਸਰਕਲ),
ਬਠਿੰਡਾ।                                                                 ------ਉੱਤਰਦਾਤਾ

**ਅਪੀਲ ਕੇਸ ਨੰ: 914 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (90419-97235)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ:2, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 02-10-2017 ਤੋ 01-10-2018 ਤੱਕ ਮੰਡਲ ਵੱਲੋਂ ਪ੍ਰਾਪਤ ਕੀਤੀਆਂ ਗਈਆਂ ਗਰਾਂਟਾਂ ਅਤੇ ਉਨ੍ਹਾਂ ਦੀ ਵਰਤੋਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:2207, ਮਿਤੀ 10-06-2019, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦਾ ਨੂੰ ਬੈਂਕ ਅਪੀਲਕਰਤਾ ਨੂੰ ਭੇਜਿਆ ਜਾ ਚੁੱਕੀ ਹੈ। ਉਸ ਨੇ ਬੈਂਕ ਡਰਾਫ਼ਟ ਦੀ ਕਾਪੀ ਵੀ ਪੇਸ਼ੀ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਰਾਹੀਂ ਭੇਜੇ ਗਏ ਪੱਤਰ ਨੰ:ਏ.ਸੀ.ਸੀ./23370, ਮਿਤੀ 18-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 19 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਮਹਾਜਨ, (ਮੋਬ 98143-54649)
ਪੁੱਤਰ ਸ਼੍ਰੀ ਕੁਲਦੀਪ ਰਾਜ,
ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਕੌਂਸਿਲ,
ਸਾਹਮਣੇ ਵਾਟਰ ਟੈਂਕ,
ਮਿਊਂਸਿਪਲ ਮਾਰਕੀਟ,
ਮਿਸ਼ਨ ਰੋਡ, ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਉਪ ਮੰਡਲ ਅਫਸਰ (ਉਸਾਰੀ)
ਉਪ ਮੰਡਲ ਡਿਵੀਜ਼ਨ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਲਹਿਰਾਗਾਗਾ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ ਸਰਕਲ),
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 926/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਿੰਦਰ ਪਾਲ, ਜੂਨੀਅਰ ਇੰਜੀਨੀਅਰ (96465-16081)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-10-2018, ਲੋਕ ਸੂਚਨਾ ਅਧਿਕਾਰੀ -ਕਮ-ਉਪ ਮੰਡਲ ਅਫਸਰ (ਉਸਾਰੀ) ਉਪ ਮੰਡਲ ਡਿਵੀਜ਼ਨ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਲਹਿਰਾਗਾਗਾ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 02-10-2017 ਤੋ 01-10-2018 ਤੱਕ ਮੰਡਲ ਵੱਲੋਂ ਲਏ ਗਏ ਕੰਮਾਂ/ਕੀਤੇ ਗਏ ਕੰਮਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਿੰਦਰ ਪਾਲ, ਜੂਨੀਅਰ ਇੰਜੀਨੀਅਰ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਰਾਹੀਂ ਭੇਜੇ ਗਏ ਪੱਤਰ ਨੰ:ਏ.ਸੀ.ਸੀ./23362, ਮਿਤੀ 18-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 19 ਜੂਨ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਚਰਨਜੀਤ ਸਿੰਘ, (94636-86865)
ਪੁੱਤਰ ਸ਼੍ਰੀ ਪਲਵਿੰਦਰ ਜੀਤ ਸਿੰਘ,
ਪਿੰਡ ਤੇ ਡਾਕਖਾਨਾ ਸੂਰਾਪੁਰ,
ਤਹਿਸੀਲ ਨਵਾਂ ਸ਼ਹਿਰ
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ,
ਲੁਧਿਆਣਾ ਰੇਂਜ, ਲੁਧਿਆਣਾ। -------ਉੱਤਰਦਾਤਾ

**<u>ਅਪੀਲ ਕੇਸ ਨੰ :1745/2018</u>**

**ਹਾਜ਼ਰ:-**

1) ਸ਼੍ਰੀ ਚਰਨਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜ ਕੁਮਾਰ,ਏ.ਐਸ.ਆਈ. ਬੰਗਾ (98770-93401) ਅਤੇ ਸ਼੍ਰੀ ਅਮਰਜੀਤ ਸਿੰਘ, ਹੈਡ ਕੰਸਟੇਬਲ (98551-24888)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-07-2017, ਲੋਕ ਸੂਚਨਾ ਅਧਿਕਾਰੀ ਦਫ਼ਤਰ ਸੀਨੀਅਰ ਕਪਤਾਨ, ਪੁਲਿਸ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਪਿਤਾ, ਸ਼੍ਰੀ ਪਲਵਿੰਦਰਜੀਤ ਸਿੰਘ ਵੱਲੋਂ ਅ/ਧ 420, 406 ਭ:ਦ: ਥਾਣਾ ਨਵਾਂ ਸ਼ਹਿਰ ਵਿਖੇ ਰਜਿਸਟਰ ਕਰਵਾਏ ਗਏ ਮੁਕੱਦਮਾ ਨੰ:42, ਮਿਤੀ 08-04-2016 ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-03-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-06-2918 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-07-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ

2. ਪਿਛਲੀ ਪੇਸ਼ੀ, ਮਿਤੀ 03-06-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਨ ਦਾਸ, ਇੰਸਪੈਕਟਰ ਨੇ ਸੂਚਨਾ ਪੇਸ਼ ਕੀਤੀ ਸੀ ਪਰੰਤੂ ਸੂਚਨਾ ਸਪੱਸ਼ਟ ਨਹੀਂ ਸੀ ਅਤੇ ਨਾ ਹੀ ਉਸ ਤੇ ਕੋਈ ਕਵਰਿੰਗ ਪੱਤਰ ਲਗਾਇਆ ਗਿਆ ਸੀ ਜਿਸ ਤੋਂ ਇਹ ਪਤਾ ਚੱਲ ਸਕੇ ਕਿ ਇਹ ਸੂਚਨਾ ਕਿਸ ਨੂੰ ਦਿੱਤੀ ਜਾਣੀ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਸਬੰਧੀ ਵਿਸਥਾਰ-ਪੂਰਵਕ ਜਵਾਬ, ਬਾਕਾਇਦਾ ਕਵਰਿੰਗ ਪੱਤਰ ਨਾਲ ਪੇਸ਼ ਕੀਤਾ ਜਾਵੇ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਜ਼ੁਬਾਨੀ ਵੀ ਸਮਝਾ ਦਿੱਤਾ ਗਿਆ ਸੀ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

ਪਰਤੋ ਜੀ --- ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ :1745/2018**

ਹਾਜ਼ਰ ਸ਼੍ਰੀ ਰਾਜ ਕੁਮਾਰ,ਏ.ਐਸ.ਆਈ. ਨੇ ਪੱਤਰ ਨੰ:822/ਆਰ.ਟੀ.ਆਈ., ਮਿਤੀ 17-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ ਨੰ:1453/ਰੀਡਰ-ਡੀ.ਐਸ.ਪੀ. ਬੰਗਾ, ਮਿਤੀ 14-06-2019 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ, ਕਮਿਸ਼ਨ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਦੇ ਸਨਮੁੱਖ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 19 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸੱਤਿਆ ਪਾਲ ਬਾਂਸਲ, (78889-27021)
#347, ਸੈਕਟਰ 30-ਏ,
ਚੰਡੀਗੜ-160030। ..........ਅਪੀਲਕਰਤਾ
ਬਨਾਮ
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਡਾਕਟਰ ਲਖਵਿੰਦਰ ਸਿੰਘ,
ਡਿਪਟੀ ਡਾਇਰੈਕਟਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),ਪੰਜਾਬ,
ਸਿੱਖਿਆ ਭਵਨ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3306 ਆਫ਼ 2018**

**ਹਾਜ਼ਰ:-** 1) ਸ੍ਰੀ ਸੱਤਿਆ ਪਾਲ ਬਾਂਸਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ (98720-89729)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਵੱਲੋਂ ਆਪਣੇ ਮੀਮੋ:ਨੰ:1/26-2007-ਪੈਨਸ਼ਨ ਸੈਲ, ਮਿਤੀ 02-01-2008 ਰਾਹੀਂ ਸਮੂਹ ਕਾਲਿਜ਼ਾਂ ਦੇ ਪ੍ਰਿੰਸੀਪਲਾਂ ਨੂੰ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ ਨੇ ਪੱਤਰ ਨੰ:16/05-2018- ਗ੍ਰਾਂਟ-2(5), ਮਿਤੀ 18-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਪਰੰਤੂ ਉਸ ਵੱਲੋਂ ਜ਼ੁਬਾਨੀ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3306 ਆਫ਼ 2018**

ਅਤੇ ਆਪਣੀ ਈ.ਮੇਲ, ਮਿਤੀ 18-06-2019 ਰਾਹੀਂ ਇਹ ਵੀ ਕਿਹਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਲੇਟ ਦੇਣ ਕਾਰਨ ਉਸ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਓਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ।।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 26-05-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ 1 ਸਾਲ ਤੋਂ ਵੀ ਵੱਧ ਸਮਾਂ ਬੀਤ ਜਾਣ ਤੋਂ ਬਾਅਦ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਨਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ।

4. ਹੁਣ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ ਜੋ ਸਹੀ ਅਤੇ ਆਰ.ਟੀ.ਆਈ. ਅਰਜ਼ੀ ਦੀ ਭਾਵਨਾ ਮੁਤਾਬਿਕ ਹੈ। ਪਰ ਇਸ ਤਰ੍ਹਾਂ ਸੂਚਨਾ ਦੇਣ ਲਈ ਹਰ ਵਾਰ ਕਿਹਾ ਜਾਂਦਾ ਸੀ ਭਾਵੇਂ ਕਿ ਮਹਿਕਮਾ ਹਰ ਵਾਰ ਜ਼ਰੂਰ ਹਾਜ਼ਰ ਹੁੰਦਾ ਰਿਹਾ ਪਰ ਉੱਤਰ ਗੋਲ ਮੋਲ ਹੁੰਦਾ ਸੀ। ਇਸ ਕਰਕੇ ਅਪੀਲਕਰਤਾ ਨੂੰ ਵਾਰ-ਵਾਰ ਆਉਣਾ ਪਿਆ ਅਤੇ ਕਮਿਸ਼ਨ ਦਾ ਵੀ ਸਮਾਂ ਬਰਬਾਦ ਹੋਇਆ। ਇਸ ਉੱਤਰ ਨੂੰ ਕਮਿਸ਼ਨ ਸਹੀ ਮੰਨਦਾ ਹੈ ਪਰ ਲੇਟ ਹੋਣ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਖਾਤੇ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ ਵੀ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 19 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**